# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :10-05-2026**

**ਪਹਿਲਾਂ ਬੁਲੇਟਿਨ ਦੀਆਂ ਖਾਸ ਖ਼ਬਰਾਂ ।**

- –ਗੁਰੂਗ੍ਰਾਮ ਦੀ ਐਂਟੀ-ਮਨੀ ਲਾਂਡਰਿੰਗ ਅਦਾਲਤ ਨੇ ਪੰਜਾਬ ਦੇ ਉਦਯੋਗ ਮੰਤਰੀ ਸੰਜੀਵ ਅਰੋੜਾ ਨੂੰ ਇਨਫੋਰਸਮੈਂਟ ਡਾਇਰੈਕਟੋਰੇਟ ਦੀ 7 ਦਿਨਾਂ ਦੇ ਰਿਮਾਂਡ ℮ਤੇ ਭੇਜਿਆ ।
- –ਕੇਂਦਰ ਸਰਕਾਰ ਨੇ ਕਿਰਤ ਕੋਡ ਲਾਗੂ ਕਰਨ ਲਈ ਨਵੇਂ ਦਿਸ਼ਾ-ਨਿਰਦੇਸ਼ ਜਾਰੀ ਕੀਤੇ I
- –ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਕਿਹਾ - ਪ੍ਰਧਾਨ ਮੰਤਰੀ ਗ੍ਰਾਮੀਣ ਸੜਕ ਯੋਜਨਾ ਦੇ ਤੀਜੇ ਗੇੜ ਦੌਰਾਨ ਪੰਜਾਬ ਵਿੱਚ 835 ਕਰੋੜ ਦੀ ਲਾਗਤ ਨਾਲ ਸੜਕਾਂ ਬਣਨਗੀਆਂ।
- –ਮੌਸਮ ਵਿਭਾਗ ਨੇ ਪੰਜਾਬ ਅਤੇ ਹਰਿਆਣਾ ਵਿੱਚ ਕੱਲ੍ਹ ਲਈ ਮੀਂਹ ਪੈਣ ਬਾਰੇ ਓਰੇਂਜ ਅਲਰਟ ਅਤੇ ਇਸ ਤੋਂ ਬਾਅਦ 14 ਮਈ ਤੱਕ ਯੈਲੋ ਅਲਰਟ ਜਾਰੀ ਕੀਤਾ ਏ ।

- –IПΛ ਕ੍ਰਿਕੇਟ ਵਿੱਚ, ਅੱਜ ਰਾਇਲ ਚੈਲੇਂਜਰਜ਼ ਬੰਗਲੁਰੂ ਦਾ ਮੁਕਾਬਲਾ ਰਾਏਪੁਰ ਵਿੱਚ, ਮੁੰਬਈ ਇੰਡੀਅਨਜ਼ ਨਾਲ ਸ਼ਾਮ ਸਾਢੇ 7 ਵਜੇ ਹੋਏਗਾ I

-----------------------------------------------------

ਗੁਰੂਗ੍ਰਾਮ ਦੀ ਐਂਟੀ-ਮਨੀ ਲਾਂਡਰਿੰਗ ਅਦਾਲਤ ਨੇ ਪੰਜਾਬ ਦੇ ਉਦਯੋਗ ਮੰਤਰੀ ਸੰਜੀਵ ਅਰੋੜਾ ਨੂੰ ਇਨਫੋਰਸਮੈਂਟ ਡਾਇਰੈਕਟੋਰੇਟ ਦੀ 7 ਦਿਨਾਂ ਦੇ ਰਿਮਾਂਡ 'ਤੇ ਭੇਜ ਦਿੱਤਾ ਏ । ਡਾਇਰੈਕਟੋਰੇਟ ਨੇ ਉਨ੍ਹਾਂ ਨੂੰ ਕੱਲ੍ਹ ਚੰਡੀਗੜ੍ਹ ਤੋਂ 100 ਕਰੋੜ ਤੋਂ ਵੱਧ ਦੇ ਵਸਤਾਂ ਤੇ ਸੇਵਾਵਾਂ ਕਰ (GST) ਧੋਖਾਧੜੀ ਦੇ ਮਾਮਲੇ ਵਿੱਚ ਗ੍ਰਿਫ਼ਤਾਰ ਕੀਤਾ ਸੀ। ਸੰਜੀਵ ਅਰੋੜਾ ਨੂੰ ਉਨ੍ਹਾਂ ਦੀ ਰਿਹਾਇਸ਼, ਉਨ੍ਹਾਂ ਨਾਲ ਜੁੜੀਆਂ ਸੰਸਥਾਵਾਂ ਅਤੇ ਹੈਂਪਟਨ ਸਕਾਈ ਰਿਐਲਟੀ ਲਿਮਟਿਡ-HSRL ਦੇ ਇੱਕ ਦਫ਼ਤਰ ਸਮੇਤ ਚਾਰ ਟਿਕਾਣਿਆਂ ਦੀ ਤਲਾਸ਼ੀ ਲੈਣ ਤੋਂ ਬਾਅਦ ਗ੍ਰਿਫ਼ਤਾਰ ਕੀਤਾ ਗਿਆ। ਇਸ ਮਾਮਲੇ ਵਿੱਚ HSRL ਵੀ ਏਜੰਸੀ ਦੀ ਜਾਂਚ ਅਧੀਨ ਏ ।

-----------------------------------------------------

ਕੇਂਦਰ ਸਰਕਾਰ ਨੇ ਕਿਰਤ ਕੋਡ ਲਾਗੂ ਕਰਨ ਲਈ ਨਵੇਂ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਨੇ.
ਇਹ ਕੇਂਦਰੀ ਮੰਤਰਾਲਿਆਂ, ਵਿਭਾਗਾਂ, ਖੁਦਮੁਖਤਿਆਰ ਸੰਸਥਾਵਾਂ ਅਤੇ ਕੇਂਦਰੀ ਜਨਤਕ ਖੇਤਰ ਦੇ ਅਦਾਰਿਆਂ ਵਿੱਚ ਕੰਮ ਕਰਦੇ ਆਊਟਸੋਰਸਡ

ਅਤੇ ਕੰਟਰੈਕਟ ਮੁਲਾਜ਼ਮਾਂ ਦੀ ਸੁਰੱਖਿਆ ਨੂੰ ਮਜ਼ਬੂਤ ਕਰੇਗਾ । ਕਿਰਤ ਅਤੇ ਰੁਜ਼ਗਾਰ ਮੰਤਰਾਲੇ ਨੇ ਕਿਹਾ ਏ ਕਿ ਇਹਨਾਂ ਸੁਧਾਰਾਂ ਦਾ ਉਦੇਸ਼ ਤਨਖਾਹਾਂ ਦੀ ਸਮੇਂ ਸਿਰ ਅਦਾਇਗੀ, ਲਾਜ਼ਮੀ ਸਮਾਜਿਕ ਸੁਰੱਖਿਆ ਯੋਗਦਾਨ, ਠੇਕੇਦਾਰਾਂ ਅਤੇ ਮੁੱਖ ਮਾਲਕਾਂ ਦੀ ਵਧੇਰੇ ਜਵਾਬਦੇਹੀ, ਅਤੇ ਕਿਰਤ ਕਾਨੂੰਨਾਂ ਦੀ ਉਲੰਘਣਾ ਖਿਲਾਫ ਇੱਕ ਮਜ਼ਬੂਤ ਲਾਗੂ ਕਰਨ ਵਾਲੀ ਵਿਧੀ ਨੂੰ ਯਕੀਨੀ ਬਣਾਉਣਾ ਏ । ਇਹਨਾਂ ਉਪਾਵਾਂ ਨਾਲ ਠੇਕੇ 'ਤੇ ਕੰਮ ਕਰਨ ਵਾਲੇ ਮੁਲਾਜ਼ਮਾਂ ਲਈ ਤਨਖਾਹਾਂ ਦੀ ਅਦਾਇਗੀ ‘ਚ ਦੇਰੀ ਅਤੇ ਕਾਨੂੰਨੀ ਤੌਰ ‘ਤੇ ਅਦਾਇਗੀ ਵਾਲੀ ਰਕਮ ਦੀ ਅਦਾਇਗੀ ‘ਚ ਗਲਤੀ ਘੱਟ ਹੋ ਸਕੇਗੀ. ਦਿਸ਼ਾ-ਨਿਰਦੇਸ਼ਾਂ ਵਿੱਚ ਤਨਖਾਹਾਂ ਅਤੇ ਸਮਾਜਿਕ ਸੁਰੱਖਿਆ ਯੋਗਦਾਨਾਂ ਦੀ ਸਮੇਂ ਸਿਰ ਅਦਾਇਗੀ ਦੀ ਉਲੰਘਣਾ ਕਰਨ ਵਾਲੀਆਂ ਕੰਪਨੀਆਂ ਲਈ ਪਾਬੰਦੀਆਂ ਅਤੇ ਸਖ਼ਤ ਜੁਰਮਾਨੇ ਸ਼ਾਮਲ ਨੇ. ਦਿਹਾੜੀ ਤਨਖਾਹਾਂ ਦੀ ਅਦਾਇਗੀ ਸ਼ਿਫਟ ਦੇ ਅਖੀਰ ਤੱਕ, ਹਫਤਾਵਾਰੀ ਛੁੱਟੀ ਤੋਂ ਪਹਿਲਾਂ ਹਫਤਾਵਾਰੀ ਤਨਖਾਹ, ਪੰਦਰਵਾੜੇ ਦੇ ਅੰਤ ਤੋਂ ਦੋ ਦਿਨਾਂ ਦੇ ਅੰਦਰ-ਅੰਦਰ ਪੰਦਰਵਾੜੇ ਦੀ ਤਨਖਾਹ, ਅਤੇ ਅਗਲੇ ਮਹੀਨੇ ਦੇ ਸੱਤ ਦਿਨਾਂ ਦੇ ਅੰਦਰ ਮਹੀਨੇ ਦੀ ਤਨਖਾਹ ਦੀ ਅਦਾਇਗੀ ਕੀਤੀ ਜਾਣੀ ਚਾਹੀਦੀ ਏ ।

---------------------------------------------------------

ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਗ੍ਰਾਮੀਣ ਸੜਕ ਯੋਜਨਾ ਦੇ ਤੀਜੇ ਗੇੜ ਦੌਰਾਨ ਪੰਜਾਬ ਵਿੱਚ 835 ਕਰੋੜ ਦੀ ਲਾਗਤ ਨਾਲ ਸੜਕਾਂ ਬਣਨਗੀਆਂ। ਉਨ੍ਹਾਂ ਦੱਸਿਆ ਕਿ ਪਿਛਲੇ ਸਾਲ ਇਹ ਸੜਕਾਂ ਬਣਨੀਆਂ ਸਨ। ਟੈਂਡਰ ਵੀ ਲੱਗ ਚੁੱਕੇ ਸਨ ਪਰ ਅਚਾਨਕ ਕੇਂਦਰ ਵੱਲੋਂ ਜਾਰੀ ਕੀਤੇ ਇੱਕ ਪੱਤਰ ਕਾਰਨ ਇਨ੍ਹਾਂ ਸੜਕਾਂ ‘ਤੇ ਰੋਕ ਲੱਗ ਗਈ ਸੀ। ਹੁਣ ਇਹ ਰੋਕ ਹਟਾ ਦਿੱਤੀ ਗਈ ਏ । ਸਾਰੇ ਦੇਸ਼ ਵਿੱਚ ਪ੍ਰਧਾਨ ਮੰਤਰੀ ਗ੍ਰਾਮੀਣ ਸੜਕ ਯੋਜਨਾ ਤਹਿਤ ਬਣਨ ਵਾਲੀਆਂ ਸੜਕਾਂ ਦੇ ਨਿਰਮਾਣ ਦੇ ਕੰਮਾਂ ਦੀ ਪ੍ਰਵਾਨਗੀ ਅਤੇ ਟੈਂਡਰ 72 ਦਿਨਾਂ ਵਿੱਚ ਕਰਨ ਦੀਆਂ ਹਦਾਇਤਾਂ ਕੀਤੀਆਂ ਗਈਆਂ ਹਨ ਤੇ ਨਾਲ ਹੀ ਇਹ ਹਦਾਇਤ ਵੀ ਕੀਤੀ ਗਈ ਕਿ ਇਹ ਕੰਮ ਕਿਸੇ ਵੀ ਸਥਿਤੀ ਵਿੱਚ 30 ਸਤੰਬਰ 2026 ਤੋਂ ਪਿਛੇ ਨਹੀਂ ਹੋਣੇ ਚਾਹੀਦੇ। ਸੰਤ ਸੀਚੇਵਾਲ ਨੇ ਦੱਸਿਆ ਕਿ ਕੇਂਦਰੀ ਪੇਂਡੂ ਵਿਕਾਸ ਮੰਤਰਾਲੇ ਵੱਲੋਂ ਜਾਰੀ ਕੀਤੇ ਗਏ ਪੱਤਰ ਰਾਹੀਂ ਦੱਸਿਆ ਕਿ ਸਮੁੱਚੇ ਦੇਸ਼ ਦੇ 28 ਸੂਬਿਆਂ ਤੇ ਕੇਂਦਰ ਸ਼ਾਸਿਤ ਰਾਜਾਂ ਵਿੱਚ ਪ੍ਰਧਾਨ ਮੰਤਰੀ ਗ੍ਰਾਮੀਣ ਸੜਕ ਯੋਜਨਾ ਤਹਿਤ 6 ਹਜ਼ਾਰ 215.ਕਰੋੜ 23 ਲਖ ਰੁਪਏ ਨੂੰ ਪ੍ਰਵਾਨਗੀ ਦਿੱਤੀ ਗਈ ਹੈ। ਇਸ ਪੱਤਰ ਵਿੱਚ ਦੱਸਿਆ ਕਿ ਮੈਦਾਨੀ ਇਲਾਕਿਆਂ ਵਿੱਚ ਸੜਕਾਂ ਤੇ ਪੁਲਾਂ ਦਾ ਨਿਰਮਾਣ ਮਾਰਚ 2028 ਤੱਕ ਕੀਤਾ ਜਾਣਾ ਹੈ ਜਦ ਕਿ ਪਹਾੜੀ ਇਲਾਕਿਆਂ ਵਿੱਚ ਸੜਕਾਂ ਦਾ ਨਿਰਮਾਣ ਮਾਰਚ 2028 ਤੋਂ

ਪਹਿਲਾਂ-ਪਹਿਲਾਂ ਕੀਤਾ ਜਾਣਾ ਹੈ। ਪਹਾੜੀ ਇਲਾਕਿਆਂ ਵਿੱਚ ਪੁਲਾਂ ਦਾ ਨਿਰਮਾਣ ਮਾਰਚ 2029 ਤੱਕ ਹਰ ਹਾਲ ਵਿੱਚ ਮੁਕੰਮਲ ਕਰਨ ਦੀਆਂ ਹਦਾਇਤਾਂ ਕੀਤੀਆਂ ਗਈਆਂ ਹਨ।

---------------------------------------------------

ਸਿੱਖਿਆ ਮੰਤਰਾਲਾ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਦੇਸ਼ ਭਰ ਦੇ ਸਾਰੇ ਸਕੂਲਾਂ ਵਿੱਚ ਭਾਰਤੀ ਭਾਸ਼ਾ ਸਮਰ ਕੈਂਪ 2026 ਕਰਾਏਗਾ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਮੰਤਰਾਲੇ ਨੇ ਕਿਹਾ ਕਿ ਹਫ਼ਤਾ ਭਰ ਚੱਲਣ ਵਾਲਾ ਇਹ ਕੈਂਪ ਵਿਦਿਆਰਥੀਆਂ ਨੂੰ, ਆਪਣੀ ਜਾਣ – ਪਛਾਣ ਕਰਾਉਣ, ਸ਼ਬਦਾਵਲੀ ਨਿਰਮਾਣ, ਅਸਲ-ਜੀਵਨ ਗੱਲਬਾਤ ਅਤੇ ਸੱਭਿਆਚਾਰਕ ਸਮਝ 'ਤੇ ਕੇਂਦ੍ਰਿਤ ਰਾਬਤੇ ਵਾਲੀਆਂ ਗਤੀਵਿਧੀਆਂ ਰਾਹੀਂ ਵੱਖ-ਵੱਖ ਭਾਰਤੀ ਭਾਸ਼ਾਵਾਂ ਵਿੱਚ ਬੁਨਿਆਦੀ ਸੰਚਾਰ ਹੁਨਰ ਸਿੱਖਣ ਦਾ ਇੱਕ ਦਿਲਚਸਪ ਮੌਕਾ ਪ੍ਰਦਾਨ ਕਰੇਗਾ। ਮੰਤਰਾਲੇ ਨੇ ਅੱਗੇ ਕਿਹਾ ਕਿ ਇਸ ਸਾਲ ਪਹਿਲਕਦਮੀ ਭਾਰਤੀ ਸੰਕੇਤ ਭਾਸ਼ਾ (ISL) ਨੂੰ ਇੱਕ ਵਿਸ਼ੇਸ਼ ਤੌਰ ‘ਤੇ ਪੇਸ਼ ਕਰਦੀ ਏ, ਜੋ ਰਾਸ਼ਟਰੀ ਸਿੱਖਿਆ ਨੀਤੀ 2020 ,ਮੁਤਾਬਿਕ ਸਮਾਵੇਸ਼ੀ ਅਤੇ ਬਰਾਬਰੀ ਵਾਲੀ ਸਿੱਖਿਆ ਦੇ ਦ੍ਰਿਸ਼ਟੀਕੋਣ ਨੂੰ ਮਜ਼ਬੂਤ ਕਰਦੀ ਏ । ਇਹ ਪਹਿਲਕਦਮੀ ਪਿਛਲੇ ਸਾਲ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਵਲੋਂ ਸ਼ੁਰੂ ਕੀਤੀ ਗਈ ਸੀ।

---------------------------------------------------

ਪੰਜਾਬ ਨੂੰ ਸਕੂਲੀ ਸਿੱਖਿਆ ਵਿੱਚ ਭਾਰਤ ਦੇ ਸਭ ਤੋਂ ਵਧੀਆ ਪ੍ਰਦਰਸ਼ਨ ਕਰਨ ਵਾਲੇ ਰਾਜਾਂ ਵਿੱਚੋਂ ਇੱਕ ਵਜੋਂ ਮਾਨਤਾ ਦਿੱਤੀ ਗਈ ਏ ਨੀਤੀ ਆਯੋਗ ਸਿੱਖਿਆ ਗੁਣਵੱਤਾ ਰਿਪੋਰਟ 2026 ਨੇ ਮੁੱਖ ਬੁਨਿਆਦੀ ਸਿੱਖਿਆ ਮਾਪਦੰਡਾਂ 'ਤੇ ਇਸਨੂੰ ਕੇਰਲ ਤੋਂ ਅੱਗੇ ਰੱਖਿਆ ਏ । ਇਸ ਪ੍ਰਾਪਤੀ ਨੂੰ ਪ੍ਰਣਾਲੀਗਤ ਸੁਧਾਰਾਂ ਅਤੇ ਜ਼ਮੀਨੀ ਪੱਧਰ 'ਤੇ ਸਮਰਪਣ ਦੁਆਰਾ ਸੰਚਾਲਿਤ 'ਪੰਜਾਬ ਦੇ ਯੁੱਗ' ਦੀ ਸ਼ੁਰੂਆਤ ਵਜੋਂ ਵਧਾਈ ਦਿੰਦੇ ਹੋਏ, ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ, "ਇਹ ਸਨਮਾਨ ਹਰ ਉਸ ਮਾਪੇ, ਵਿਦਿਆਰਥੀ ਅਤੇ ਅਧਿਆਪਕ ਦਾ ਏ ਜਿਸਨੇ ਸਰਕਾਰੀ ਸਕੂਲਾਂ ਨੂੰ ਛੱਡਣ ਤੋਂ ਇਨਕਾਰ ਕਰ ਦਿੱਤਾ।

--------------------------------------------------------

ਸ੍ਰੀ ਮੁਕਤਸਰ ਸਾਹਿਬ ਜ਼ਿਲੇ 'ਚ ਸੁਰੱਖਿਅਤ ਸਕੂਲ ਵਾਹਨ ਨੀਤੀ ਨੂੰ ਸਖ਼ਤੀ ਨਾਲ ਲਾਗੂ ਕਰਨ ਲਈ ਲਿਟਲ ਫਲਾਵਰ ਕੋਨਵੈਂਟ ਸਕੂਲ ਵਿੱਚ ਸਕੂਲੀ ਬੱਸਾਂ ਦੀ ਚੈਕਿੰਗ ਕੀਤੀ ਗਈ  ਤੇ 14 ਸਕੂਲੀ ਬੱਸਾਂ ਦੇ ਚਲਾਨ ਕੱਟੇ ਗਏ। ਇਸ ਮੌਕੇ ਖੇਤਰੀ ਟਰਾਂਸਪੋਰਟ ਅਧਿਕਾਰੀ ਜਸਵਿੰਦਰ ਸਿੰਘ ਨੇ ਸਕੂਲੀ ਬੱਚਿਆਂ ਦੀ ਸੁਰੱਖਿਆ ਨੂੰ ਯਕੀਨੀ ਕਰਨ ਅਤੇ ਸੁਰੱਖਿਅਤ ਸਕੂਲ ਵਾਹਨ ਨੀਤੀ ਨੂੰ ਲਾਗੂ ਕਰਨ ਲਈ ਸਾਰੇ ਸਕੂਲ ਵੈਨਾਂ ਦੇ ਡਰਾਇਵਰਾਂ ਨੂੰ ਟਰੈਫਿਕ ਨਿਯਮਾਂ ਬਾਰੇ ਜਾਗਰੂਕ ਕੀਤਾ  ਅਤੇ ਨਾਲ ਹੀ ਹਦਾਇਤ ਵੀ ਕੀਤੀ ਗਈ ਜੋ  ਨੀਤੀ ਦੀਆਂ ਸ਼ਰਤਾਂ ਨੂੰ ਪੂਰਾ ਨਹੀਂ

ਕਰਨਗੇ ਉਹਨਾਂ ਖਿਲਾਫ ਸਖਤੀ ਨਾਲ ਕਾਰਵਾਈ ਕੀਤੀ ਜਾਵੇਗੀ। ਇਸ ਦੌਰਾਨ ਸਕੂਲੀ ਵੈਨਾਂ ਦੇ ਡਰਾਇਵਰਾ ਨੂੰ ਦੱਸਿਆ ਗਿਆ ਕਿ ਇਸ ਤਾਹਿਤ ਬੱਸ ਦੇ ਪਿੱਛੇ ਅਤੇ ਅੱਗੇ ਸਕੂਲ ਬੱਸ ਲਿਖਿਆ ਹੋਣਾ ਤੇ ਬੱਸ ਵਿੱਚ ਅੱਗ ਬੁਝਾਊ ਯੰਤਰ ਹੋਣਾ ਲਾਜ਼ਮੀ ਏ ।

---------------------------------------------------------------

ਅੱਜ ਮਾਂ ਦਿਵਸ ਮਨਾਇਆ ਜਾ ਰਿਹਾ ਏ । ਇਸ ਦਿਨ ਦੁਨੀਆ ਭਰ 'ਚ ਮਾਵਾਂ ਦਾ ਸਨਮਾਨ ਕਰਨ ਲਈ ਮਈ ਦੇ ਦੂਜੇ ਐਤਵਾਰ ਨੂੰ ਮਨਾਇਆ ਜਾਂਦਾ ਏ । ਪਹਿਲੇ ਵਿਸ਼ਵ ਯੁੱਧ ਤੋਂ ਬਾਅਦ, ਫਰਾਂਸ ਨੇ ਮਾਵਾਂ ਦਾ ਸਨਮਾਨ ਕਰਨ ਲਈ ਮਈ ਦੇ ਆਖਰੀ ਐਤਵਾਰ ਨੂੰ ਮਾਂ ਦਿਵਸ ਮਨਾਉਣ ਦੀ ਪ੍ਰਥਾ ਨੂੰ ਰਸਮੀ ਰੂਪ ਦਿੱਤਾ ਸੀ । ਇਹ ਦਿਨ ਮਾਵਾਂ, ਦਾਦੀਆਂ ਅਤੇ ਹੋਰ ਮਾਵਾਂ ਵਰਗੀਆਂ ਔਰਤਾਂ ਦੇ ਨਿਰਸਵਾਰਥ ਅਤੇ ਕੁਰਬਾਨੀ ਵਾਲੇ ਸੁਭਾਅ ਨੂੰ ਸਵੀਕਾਰ ਕਰਨ ਲਈ ਮਨਾਇਆ ਜਾਂਦਾ ਏ । ਗੁਰਦਾਸਪੁਰ ਵਿੱਚ 'ਮਦਰਸ ਡੇ' ਛੋਟੇ ਬੱਚਿਆਂ ਨੇ ਵੱਖਰੇ ਢੰਗ ਨਾਲ ਮਨਾਇਆ ਏ । ਇਹਨਾਂ ਬੱਚਿਆਂ ਨੇ ਮਦਰਸ ਤੇ ਸਮਾਜ ਨੂੰ ਇੱਕ ਵਿਲੱਖਣ ਸੁਨੇਹਾ ਦਿੱਤਾ ਏ ਕਿ ਜਾਨਵਰਾਂ ਦੇ ਬੱਚਿਆਂ ਨੂੰ ਵੀ ਉਨਾਂ ਦੀ ਮਾਂ ਦੀ ਲੋੜ ਹੁੰਦੀ ਏ ਇਸ ਲਈ ਉਹਨਾਂ ਨੂੰ ਉਹਨਾਂ ਦੀਆਂ ਮਾਂਵਾਂ ਨਾਲੋਂ ਵੱਖ ਨਹੀਂ ਕਰਨਾ ਚਾਹੀਦਾ । ਇਹਨਾਂ ਬੱਚਿਆਂ ਨੇ ਅਧਿਆਪਕਾ ਸ਼ੀਤਲ ਗੁਪਤਾ ਦੀ ਪ੍ਰੇਰਨਾ ਸਦਕਾ ਮਦਰਸ ਡੇ ਗਊਸ਼ਾਲਾ ਵਿੱਚ ਜਾ ਕੇ

ਮਨਾਇਆ ਏ ਜਿੱਥੇ ਇਹਨਾਂ ਵੱਲੋਂ ਗਊਆਂ ਤੇ ਉਹਨਾਂ ਦੇ ਬੱਚਿਆਂ ਨੂੰ ਚਾਰਾ ਖਵਾਇਆ ਗਿਆ। ਇਨਾ ਬੱਚਿਆਂ ਨੇ ਸਮਾਜ ਨੂੰ ਸੁਨੇਹਾ ਦਿੰਦਿਆਂ ਕਿਹਾ । BYTE:RNU100526

-------------------------------------------------------------

ਗੁਰਦਾਸਪੁਰ ਦੇ ਅੱਜ ਡਿਪਟੀ ਕਮਿਸ਼ਨਰ ਆਦਿਤਿਆ ਉੱਪਲ ਨੇ ਫਸਲ ਦੀ ਰਹਿੰਦ ਖੂੰਹਦ ਸਾੜਨ ਦੇ ਰੁਝਾਨ ਨੂੰ ਠੱਲ੍ਹ ਪਾਉਣ ਲਈ ਪਿੰਡਾਂ ਦਾ ਦੌਰਾ ਕੀਤਾ ਗਿਆ ਅਤੇ ਆਪਣੀ ਮੌਜੂਦਗੀ ਵਿੱਚ ਖੇਤਾਂ ਵਿੱਚ ਲੱਗੀ ਅੱਗ ਨੂੰ ਫਾਇਰ ਬਿਰਗੇਡ, ਸਿਵਲ ਤੇ ਪੁਲਿਸ ਵਿਭਾਗ ਦੀਆਂ ਟੀਮਾਂ ਦੇ ਸਹਿਯੋਗ ਨਾਲ ਬੁਝਵਾਇਆ ਗਿਆ। ਇਸ ਮੌਕੇ ਐਸ.ਐਸ.ਪੀ ਗੁਰਦਾਸਪੁਰ, ਆਦਿਤਿਆ ਅਤੇ ਐਸ.ਡੀ.ਐਮ ਅਨੁਪ੍ਰੀਤ ਕੌਰ ਅਤੇ ਮੁੱਖ ਖੇਤੀਬਾੜੀ ਅਫਸਰ ਡਾ. ਰਣਧੀਰ ਠਾਕਰ ਵੀ ਮੌਜੂਦ ਸਨ। ਡਿਪਟੀ ਕਮਿਸ਼ਨਰ, ਅੱਜ ਜਦ ਬਲਾਕ ਕਾਹਨੂੰਵਾਨ ਦੇ ਵੱਖ ਵੱਖ ਪਿੰਡਾਂ ਦਾ ਦੌਰਾ ਕਰ ਰਹੇ ਸਨ ਤਾਂ ਉਨ੍ਹਾਂ ਰਸਤੇ ਵਿਚ ਖੇਤਾਂ ਵਿੱਚ ਲੱਗੀ ਅੱਗ ਨੂੰ ਦੇਖਿਆ। ਉਨ੍ਹਾਂ ਵਲੋਂ ਤੁਰੰਤ ਕਾਰ ਰੋਕ ਕੇ, ਖੁਦ ਖੇਤ ਵਿੱਚ ਗਏ ਤੇ ਫਾਇਰ ਬਿਰਗੇਡ ਤੇ ਸਿਵਲ ਤੇ ਪੁਲਿਸ ਦੀਆਂ ਟੀਮਾਂ ਦੇ ਸਹਿਯੋਗ ਨਾਲ ਲੱਗੀ ਅੱਗ ਨੂੰ ਬੁਝਵਾਇਆ। ਇਸ ਮੌਕੇ ਗੱਲ ਕਰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਮੁੱਚਾ ਪ੍ਰਸ਼ਾਸਨ ਵਲੋਂ ਪਿੰਡ-ਪਿੰਡ ਜਾ ਕੇ ਕਿਸਾਨਾਂ ਨੂੰ ਮਿਲ ਰਹੇ ਹਨ ਅਤੇ ਕਣਕ ਦੀ ਫਸਲ ਦੀ ਰਹਿੰਦ ਖੂੰਹਦ

ਨਾ ਸਾੜਨ ਦੀ ਅਪੀਲ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਪਰਾਲੀ ਸਾੜਨ ਦੀਆਂ ਵਾਪਰ ਰਹੀਆਂ ਘਟਨਾਵਾਂ ਨੂੰ ਠੱਲ੍ਹ ਪਾਉਣ ਲਈ ਦੇ ਉਹ ਆਪ ਖੁਦ ਜਿਲ੍ਹੇ ਦੇ ਵੱਖ ਵੱਖ ਪਿੰਡਾਂ ਦਾ ਦੌਰਾ ਕਰ ਰਹੇ ਹਨ ਤਾਂ ਜੋ ਕਿਸਾਨਾਂ ਨੂੰ ਮਿਲ ਕੇ ਨਾੜ ਨਾ ਸਾੜਨ ਲਈ ਪ੍ਰੇਰਿਤ ਕੀਤਾ ਜਾਵੇ।

BYTE

---------------------------------------------------------

ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਪ੍ਰੋਫੈਸਰ ਅਤੇ ਮਨੁੱਖੀ ਵਿਗਿਆਨ ਵਿਭਾਗ ਦੇ ਸਾਬਕਾ ਚੇਅਰਪਰਸਨ ਨੇ ਫੋਰੈਂਸਿਕ ਵਿਗਿਆਨ ਖੋਜ ਵਿੱਚ ਵਿਸ਼ਵ ਪੱਧਰ 'ਤੇ 11ਵਾਂ ਰੈਂਕ ਪ੍ਰਾਪਤ ਕੀਤਾ ਏ । ਡਾ. ਕੇਵਲ ਕ੍ਰਿਸ਼ਨ ਇਸ ਆਲਮੀ ਮੁਲਾਂਕਣ ਵਿੱਚ ਭਾਰਤ ਦੇ ਚੋਟੀ ਦੇ ਦਰਜੇ ਦੇ ਫੋਰੈਂਸਿਕ ਵਿਗਿਆਨੀ ਵਜੋਂ ਉਭਰੇ ਨੇ । ਇਹ ਰੈਂਕਿੰਗ ਸਟੈਨਫੋਰਡ ਯੂਨੀਵਰਸਿਟੀ ਅਤੇ ਐਲਸੇਵੀਅਰ ਵਲੋਂ ਜਾਰੀ 2025 ਦੀਆਂ ਰਿਪੋਰਟਾਂ 'ਤੇ ਅਧਾਰਤ ਏ ।ਉਨ੍ਹਾਂ ਨੂੰ ਦੁਨੀਆ ਭਰ ਦੇ 15 ਹਜ਼ਾਰ 9 ਫੋਰੈਂਸਿਕ ਵਿਗਿਆਨੀਆਂ ਵਿੱਚੋਂ ਕਾਨੂੰਨੀ ਅਤੇ ਫੋਰੈਂਸਿਕ ਮੈਡੀਸਨ ਸ਼੍ਰੇਣੀ ਵਿੱਚ ਰੱਖਿਆ ਗਿਆ ਏ । ਰੈਂਕਿੰਗ ਕਈ ਮਾਪਦੰਡਾਂ 'ਤੇ ਅਧਾਰਤ ਏ ਜਿਸ ਵਿੱਚ ਪ੍ਰਕਾਸ਼ਿਤ ਖੋਜ ਪੱਤਰਾਂ ਦੀ ਗਿਣਤੀ, ਪ੍ਰਾਪਤ ਹਵਾਲੇ ਸ਼ਾਮਲ ਹਨ। ਇਹ ਪ੍ਰਾਪਤੀ ਨਾ ਸਿਰਫ਼ ਯੂਨੀਵਰਸਿਟੀ ਲਈ ਸਗੋਂ ਦੇਸ਼ ਲਈ ਵੀ ਇੱਕ ਮਾਣ ਵਾਲੀ ਗੱਲ ਏ ਜੋ ਵਿਗਿਆਨ ਅਤੇ ਅਕਾਦਮਿਕ ਖੇਤਰਾਂ ਵਿੱਚ

ਭਾਰਤੀ ਖੋਜਕਰਤਾਵਾਂ ਦੀ ਵਧਦੀ ਆਲਮੀ ਮਾਨਤਾ ਨੂੰ ਦਰਸਾਉਂਦੀ ਏ। ਫੋਰੈਂਸਿਕ ਵਿਗਿਆਨ ਵਿੱਚ ਉਨ੍ਹਾਂ ਦੇ ਪ੍ਰਮੁੱਖ ਯੋਗਦਾਨਾਂ ਵਿੱਚ ਫਿੰਗਰਪ੍ਰਿੰਟ ਵਿਸ਼ਲੇਸ਼ਣ, ਮਨੁੱਖੀ ਚਿਹਰੇ ਦੇ ਪੁਨਰ ਨਿਰਮਾਣ, ਪੈਰਾਂ ਦੇ ਨਿਸ਼ਾਨ, ਕੰਨਾਂ ਦੇ ਨਿਸ਼ਾਨ, ਦਸਤਖਤ ਪ੍ਰਮਾਣੀਕਰਨ, ਅਤੇ ਫੋਰੈਂਸਿਕ ਵਿਗਿਆਨ ਵਿੱਚ ਆਰਟੀਫਿਸ਼ਲ ਇੰਟੈਲੀਜੈਂਸ ਦਾ ਏਕੀਕਰਨ ਸ਼ਾਮਲ ਹਨ।

-------------------------------------------------------

ਮੌਸਮ ਵਿਭਾਗ ਨੇ ਪੰਜਾਬ ਅਤੇ ਹਰਿਆਣਾ ਵਿੱਚ ਕੱਲ੍ਹ ਲਈ ਮੀਂਹ ਪੈਣ ਬਾਰੇ ਓਰੇਂਜ ਅਲਰਟ ਅਤੇ ਇਸ ਤੋਂ ਬਾਅਦ 14 ਮਈ ਤੱਕ ਯੈਲੋ ਅਲਰਟ ਜਾਰੀ ਕੀਤਾ ਏ। ਇਸ ਸਮੇਂ ਦੌਰਾਨ, ਪੰਜਾਬ ਵਿੱਚ ਅੱਜ ਤੋਂ 14 ਮਈ ਤੱਕ ਵੱਖ-ਵੱਖ ਥਾਵਾਂ 'ਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋ ਸਕਦੀ ਏ , ਅੱਜ ਅਤੇ ਕੱਲ੍ਹ ਵੱਖ-ਵੱਖ ਥਾਵਾਂ 'ਤੇ ਗਰਜ-ਚਮਕ ਨਾਲ ਤੇਜ਼ ਹਵਾਵਾਂ ਚੱਲ ਸਕਦੀਆਂ ਨੇ। ਇਸੇ ਤਰ੍ਹਾਂ, ਹਰਿਆਣਾ ਵਿੱਚ, ਅੱਜ ਤੋਂ 14 ਮਈ ਤੱਕ ਵੱਖ-ਵੱਖ ਥਾਵਾਂ 'ਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਤੇ ਗਰਜ -ਚਮਕ ਨਾਲ ਤੇਜ਼ ਹਵਾਵਾਂ ਵਗਣ ਦੀ ਸੰਭਾਵਨਾ ਜਤਾਈ ਗਈ ਏ।

ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਵਿੱਚ ਵੀ ਅੱਜ ਤੋਂ 14 ਮਈ ਤੱਕ ਵੱਖ-ਵੱਖ ਥਾਵਾਂ 'ਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਦੀ ਪੇਸ਼ੀਨਗੋਈ ਕੀਤੀ ਗਈ ਏ। ਹਾਲਾਂਕਿ, ਅਗਲੇ 3-4 ਦਿਨਾਂ ਦੌਰਾਨ ਵੱਧ ਤੋਂ ਵੱਧ ਤਾਪਮਾਨ

ਵਿੱਚ ਕੋਈ ਵੱਡੀ ਤਬਦੀਲੀ ਨਹੀਂ ਹੋਵੇਗੀ । ਹਰਿਆਣਾਦੇ ਬੋਪਨੀ ਵਿੱਚ ਅੱਜ ਵੱਧ ਤੋਂ ਵੱਧ ਤਾਪਮਾਨ 45.2 ਅਤੇ ਪੰਜਾਬ ਵਿੱਚ ਵੱਧ ਤੋਂ ਵੱਧ ਤਾਪਮਾਨ ਫਰੀਦਕੋਟ 'ਚ 42.8 ਦਰਜ ਕੀਤਾ ਗਿਆ।

----------------------------------------------------

ਕ੍ਰਿਕੇਟ ਵਿੱਚ, ਅੱਜ ਪਲੇਆਫ ਕੁਆਲੀਫਾਈ ਮੈਚ ਵਿੱਚ, ਰਾਇਲ ਚੈਲੇਂਜਰਜ਼ ਬੰਗਲੁਰੂ ਦਾ ਮੁਕਾਬਲਾ ਰਾਏਪੁਰ ਦੇ, ਸ਼ਹੀਦ ਵੀਰ ਨਾਰਾਇਣ ਸਿੰਘ ਇੰਟਰਨੈਸ਼ਨਲ ਸਟੇਡੀਅਮ ਵਿੱਚ, ਮੁੰਬਈ ਇੰਡੀਅਨਜ਼ ਸ਼ਾਮ ਸਾਢੇ 7 ਵਜੇ ਹੋਏਗਾ ।

----------------------------------------------------

- –ਗੁਰੂਗ੍ਰਾਮ ਦੀ ਐਂਟੀ-ਮਨੀ ਲਾਂਡਰਿੰਗ ਅਦਾਲਤ ਨੇ ਪੰਜਾਬ ਦੇ ਉਦਯੋਗ ਮੰਤਰੀ ਸੰਜੀਵ ਅਰੋੜਾ ਨੂੰ ਇਨਫੋਰਸਮੈਂਟ ਡਾਇਰੈਕਟੋਰੇਟ ਦੀ 7 ਦਿਨਾਂ ਦੇ ਰਿਮਾਂਡ ੍ਰਤੇ ਭੇਜਿਆ ।
- –ਕੇਂਦਰ ਸਰਕਾਰ ਨੇ ਕਿਰਤ ਕੋਡ ਲਾਗੂ ਕਰਨ ਲਈ ਨਵੇਂ ਦਿਸ਼ਾ-ਨਿਰਦੇਸ਼ ਜਾਰੀ ਕੀਤੇ I
- –ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਕਿਹਾ - ਪ੍ਰਧਾਨ ਮੰਤਰੀ ਗ੍ਰਾਮੀਣ ਸੜਕ ਯੋਜਨਾ ਦੇ ਤੀਜੇ ਗੇੜ ਦੌਰਾਨ ਪੰਜਾਬ ਵਿੱਚ 835 ਕਰੋੜ ਦੀ ਲਾਗਤ ਨਾਲ ਸੜਕਾਂ ਬਣਨਗੀਆਂ।

- –ਮੌਸਮ ਵਿਭਾਗ ਨੇ ਪੰਜਾਬ ਅਤੇ ਹਰਿਆਣਾ ਵਿੱਚ ਕੱਲ੍ਹ ਲਈ ਮੀਂਹ ਪੈਣ ਬਾਰੇ ਓਰੇਂਜ ਅਲਰਟ ਅਤੇ ਇਸ ਤੋਂ ਬਾਅਦ 14 ਮਈ ਤੱਕ ਯੈਲੋ ਅਲਰਟ ਜਾਰੀ ਕੀਤਾ ਏ।
- –IΠΛ ਕ੍ਰਿਕੇਟ ਵਿੱਚ, ਅੱਜ ਰਾਇਲ ਚੈਲੇਂਜਰਜ਼ ਬੰਗਲੁਰੂ ਦਾ ਮੁਕਾਬਲਾ ਰਾਏਪੁਰ ਵਿੱਚ, ਮੁੰਬਈ ਇੰਡੀਅਨਜ਼ ਨਾਲ ਸ਼ਾਮ ਸਾਢੇ 7 ਵਜੇ ਹੋਏਗਾ I

---

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ** !